ਨੰ:2/30/09-2ਸਿ3/1927
ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਜੀਸਸ ਸੇਵਿਅਰਜ ਸਕੂਲ, ਖਮਾਣੋਂ
ਜਿਲ੍ਹਾ ਫਤਿਹਗੜ੍ਹ ਸਾਹਿਬ।

ਮਿਤੀ,ਚੰਡੀਗੜ੍ਹ 1/6/09

ਵਿਸ਼ਾ:- ਜੀਸਸ ਸੇਵਿਅਰਜ ਸਕੂਲ, ਖਮਾਣੋਂ ਜਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

....

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2 ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਫਤਿਹਗੜ੍ਹ ਸਾਹਿਬ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

Scanned by CamScanner

Scanned with CamScanner

ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 29-5-09 ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਉਪ ਸਕੱਤਰ ਸਕੂਲ ਸਿੱਖਿਆ

ਮਿਤੀ,ਚੰਡੀਗੜ੍ਹ

ਪਿੱਠ ਅੰਕਣ ਨੰ: 2/30/09-2ਸਿ3/

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ 15/13-2009 ਗ੍ਰਾਂਟ 1(3) ਮਿਤੀ 28-4-2009 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

Sd/-

ਉਪ ਸਕੱਤਰ ਸਕੂਲ ਸਿੱਖਿਆ

Scanned with CamScanner